# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 30-03-2026**

ਪੰਜਾਬ ਮੰਤਰੀ ਮੰਡਲ ਨੇ ਸੂਬੇ ਭਰ ਵਿੱਚ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਨੂੰ ਮਨਜ਼ੂਰੀ ਦੇ ਦਿੱਤੀ ਏ। । ਇਸ ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ ਹਰੇਕ ਮਹੀਨੇ 1500 ਰੁਪਏ ਅਤੇ ਬਾਕੀ ਸਾਰੀਆਂ ਔਰਤਾਂ ਨੂੰ 1000 ਰੁਪਏ ਸਨਮਾਨ ਰਾਸ਼ੀ ਮਿਲੇਗੀ। ਇਸ ਯੋਜਨਾ ਨਾਲ ਪੰਜਾਬ ਦੀਆਂ 97 ਫੀਸਦ ਤੋਂ ਵੱਧ ਔਰਤਾਂ ਨੂੰ ਲਾਭ ਹੋਵੇਗਾ। ਇਹ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਮੁੱਖ ਮੰਤਰੀ ਦਫਤਰ ਦੇ ਇਕ ਬੁਲਾਰੇ ਨੇ ਕਿਹੈ ਕਿ ਇਹ ਯੋਜਨਾ ਔਰਤਾਂ ਨੂੰ ਆਜ਼ਾਦ ਅਤੇ ਸਸ਼ਕਤ ਬਣਾ ਕੇ ਉਨ੍ਹਾਂ ਦੀ ਪ੍ਰਗਤੀ ਵਿੱਚ ਅਹਿਮ ਯੋਗਦਾਨ ਪਾਵੇਗੀ। ਇਹ ਯੋਜਨਾ ਔਰਤਾਂ ਨੂੰ ਵਿੱਤੀ ਪੱਖੋਂ ਮਜ਼ਬੂਤ ਕਰੇਗੀ, ਜਿਸ ਨਾਲ ਉਹ ਬੱਚਤ ਅਤੇ ਨਿਵੇਸ਼ ਕਰ ਸਕਣਗੀਆਂ ਅਤੇ ਇਹ ਔਰਤਾਂ ਨੂੰ ਉਨ੍ਹਾਂ ਦੀਆਂ ਘਰ-ਪਰਿਵਾਰ ਲਈ ਲੋੜੀਂਦੀਆਂ ਇੱਛਾਵਾਂ ਨੂੰ ਪੂਰਾ ਕਰਨ ਦੇ ਸਮਰੱਥ ਬਣਾਏਗੀ।

---

ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਬੀਤੇ ਕੱਲ੍ਹ ਘਨੌਰ ਨੇੜਲੇ ਪਿੰਡ ਗੋਬਿੰਦਗੜ੍ਹ, ਕਾਮੀ ਕਲਾਂ ਵਿਖੇ ਬੈਕਟਰਜ਼ ਫੂਡ ਸਪੈਸ਼ਲਿਸਟੀਜ਼ ਲਿਮਟਿਡ ਪਲਾਂਟ ਦਾ ਦੌਰਾ ਕੀਤਾ। ਮੰਤਰੀ ਨੇ ਪਲਾਂਟ ਵਿਖੇ ਰੱਖ ਰਖਾਅ ਤੇ ਸਾਫ ਸਫਾਈ ਸਮੇਤ ਫੂਡ ਪ੍ਰੋਸੈਸਿੰਗ ਪ੍ਰਕਿਰਿਆ ਦਾ ਜਾਇਜ਼ਾ ਲਿਆ ਅਤੇ ਇਸ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਫੂਡ ਪ੍ਰੋਸੈਸਿੰਗ ਦੇ ਸਟੇਟ ਆਫ਼ ਦੀ ਆਰਟ ਪਲਾਂਟ ਹੋਣਾ ਮਾਣ ਵਾਲੀ ਗੱਲ ਏ। ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਸਰਕਾਰ ਦੀਆਂ ਉਦਯੋਗ ਪੱਖੀ ਨੀਤੀਆਂ ਸਦਕਾ ਪੰਜਾਬ ਨਿਵੇਸ਼ਕਾਂ ਲਈ ਪਸੰਦੀਦਾ ਸਥਾਨ ਬਣ ਕੇ ਉੱਭਰਿਆ ਏ।

---

ਪੰਜਾਬ ਫੂਡ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਖੁਦਕੁਸ਼ੀ ਮਾਮਲੇ ਵਿੱਚ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਕੱਲ੍ਹ ਪੰਜ ਦਿਨਾਂ ਦਾ ਪੁਲਿਸ ਰਿਮਾਂਡ ਖਤਮ ਹੋਣ ਤੋਂ ਬਾਅਦ ਮੁੜ ਅੰਮ੍ਰਿਤਸਰ ਜ਼ਿਲ੍ਹਾ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਅਦਾਲਤ ਨੇ ਦੋਵਾਂ ਪੱਖਾਂ ਦੇ ਤਰਕ ਸੁਣਨ

ਤੋਂ ਬਾਅਦ ਭੁੱਲਰ ਦਾ ਤਿੰਨ ਦਿਨਾਂ ਦਾ ਹੋਰ ਪੁਲਿਸ ਰਿਮਾਂਡ ਮਨਜ਼ੂਰ ਕਰ ਲਿਆ ਏ। ਇਸ ਮੌਕੇ ਵਕੀਲਾਂ ਨੇ ਮੀਡੀਆ ਨੂੰ ਦੱਸਿਆ ਕਿ ਕੇਸ ਵਿੱਚ ਕਈ ਅਹਿਮ ਪੱਖਾਂ 'ਤੇ ਪੁਲਿਸ ਵੱਲੋਂ ਹੋਰ ਪੁੱਛਗਿੱਛ ਕੀਤੀ ਜਾਣੀ ਏ। ਮਾਮਲੇ ਦੀ ਅਗਲੀ ਸੁਣਵਾਈ ਹੁਣ ਰਿਮਾਂਡ ਸਮਾਪਤ ਹੋਣ ਤੋਂ ਬਾਅਦ ਹੋਵੇਗੀ।

---------------------------------------------------------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਦਫ਼ਤਰ ਵਿਖੇ ਵਿਭਾਗੀ ਅਧਿਕਾਰੀਆਂ ਨਾਲ ਇਕ ਅਹਿਮ ਮੀਟਿੰਗ ਕੀਤੀ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਜ਼ਿਲ੍ਹੇ ਦੇ ਸਾਰੇ ਪੈਟਰੋਲ ਪੰਪਾਂ ਉੱਤੇ ਪੈਟਰੋਲ ਅਤੇ ਡੀਜ਼ਲ ਦੀ ਸਪਲਾਈ ਲਗਾਤਾਰ ਅਤੇ ਸੁਚਾਰੂ ਤਰੀਕੇ ਨਾਲ ਯਕੀਨੀ ਬਣਾਈ ਜਾਵੇਗੀ। ਇਸ ਗੱਲ ਨੂੰ ਵੀ ਯਕੀਨੀ ਬਣਾਇਆ ਜਾਵੇਗਾ ਕਿ ਕਿਸੇ ਵੀ ਪੈਟਰੋਲ ਪੰਪ ਤੇ ਇੰਧਨ ਦੀ ਕਮੀ ਨਾ ਆਵੇ ਅਤੇ ਲੋਕਾਂ ਨੂੰ ਸਮੇਂ ਸਿਰ ਸਹੂਲਤ ਪ੍ਰਦਾਨ ਕੀਤੀ ਜਾ ਸਕੇ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਏ ਕਿ ਉਹ ਘਬਰਾਹਟ ਵਿੱਚ ਆ ਕੇ ਪੈਟਰੋਲ ਜਾਂ ਡੀਜ਼ਲ ਬੇਵਜ੍ਹਾ ਜਮਾਂ ਨਾ ਕਰਨ। ਜ਼ਿਲ੍ਹੇ ਵਿੱਚ ਇੰਧਨ ਦੀ ਪੂਰੀ ਉਪਲਬਧਤਾ ਏ ਅਤੇ ਸਪਲਾਈ ਨਿਰੰਤਰ ਜਾਰੀ ਏ।

---------------------------------------------------------------------------------------------------------

ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਵੱਲੋਂ ਬੀਤੇ ਕੱਲ੍ਹ ਜਲੰਧਰ ਦੀ ਧੀਣਾ ਮਾਰਕੀਟ ਦੇ ਵਪਾਰੀਆਂ ਨਾਲ ਇੰਟਰੈਕਟਿਵ ਸੈਸ਼ਨ ਕਰਵਾਇਆ। ਇਸ ਦੌਰਾਨ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਚੇਅਰਮੈਨ ਇੰਦਰਵੰਸ਼ ਸਿੰਘ ਚੱਢਾ ਨੇ ਵਪਾਰੀਆਂ ਦੇ ਮੁੱਦਿਆਂ ਨੂੰ ਗੌਰ ਨਾਲ ਸੁਣਿਆ ਅਤੇ ਨਿਰਧਾਰਿਤ ਸਮੇਂ ਵਿੱਚ ਢੁੱਕਵੇਂ ਹੱਲ ਦਾ ਭਰੋਸਾ ਦਿਵਾਇਆ। ਉਨ੍ਹਾਂ ਕਿਹਾ ਕਿ ਇਨ੍ਹਾਂ ਮੀਟਿੰਗਾਂ ਦਾ ਮੰਤਵ ਵਪਾਰੀਆਂ ਦੀਆਂ ਮੁਸ਼ਕਲਾਂ ਨੂੰ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਵਪਾਰੀਆਂ ਅਤੇ ਪ੍ਰਸ਼ਾਸਨ ਵਿਚਾਲੇ ਸੰਵਾਦ ਨੂੰ ਹੋਰ ਮਜ਼ਬੂਤ ਬਣਾਉਣਾ ਏ।

---------------------------------------------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ ਸਬ-ਮਸ਼ੀਨ ਗਨਾਂ ਅਤੇ ਇੱਕ ਖਾਲੀ ਮੈਗਜ਼ੀਨ ਬਰਾਮਦ ਕਰਕੇ ਗੈਰ-ਕਾਨੂੰਨੀ ਹਥਿਆਰ ਤਸਕਰੀ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਬਰਾਮਦ ਕੀਤੇ ਗਏ ਹਥਿਆਰਾਂ ’ਤੇ "ਗਫਾਰ ਸਕਿਊਰਿਟੀ" ਲਿਖਿਆ ਹੋਇਆ ਸੀ। ਡੀਜੀਪੀ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਬਰਾਮਦ ਕੀਤੀ ਗਈ ਖੇਪ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ਼ ਗੋਲਡੀ ਢਿੱਲੋਂ ਨਾਲ ਸਬੰਧਤ ਏ। ਉਨ੍ਹਾਂ ਦੱਸਿਆ ਕਿ ਇਹ ਹਥਿਆਰ ਉਸ ਦੇ ਨੈੱਟਵਰਕ ਵੱਲੋਂ ਸੂਬੇ ਵਿੱਚ ਦੇਸ਼ ਵਿਰੋਧੀ ਅਤੇ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ

ਸਪਲਾਈ ਕੀਤੇ ਜਾ ਰਹੇ ਸਨ। ਉਨ੍ਹਾਂ ਦੱਸਿਆ ਕਿ ਫਰਾਰ ਮੁਲਜ਼ਮਾਂ ਦੀ ਪਛਾਣ ਕਰਨ ਅਤੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਜਾਰੀ ਏ। ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਬਰਾਮਦਗੀ ਪੁਲਿਸ ਟੀਮਾਂ ਵੱਲੋਂ ਛੇਹਰਟਾ ਦੇ ਗੁਰੂ ਕੀ ਵਡਾਲੀ ਖੇਤਰ ਵਿੱਚ ਲਾਏ ਵਿਸ਼ੇਸ਼ ਨਾਕੇ ਦੌਰਾਨ ਕੀਤੀ ਗਈ ਏ।

------------------------------------------------------------------------------------------------------------

ਬਰਨਾਲਾ ਜ਼ਿਲ੍ਹੇ ਦੇ ਪਿੰਡ ਫਰਵਾਹੀ ਵਿਖੇ ਬੀਤੇ ਕੱਲ੍ਹ ਜੈੱਕ ਨਾਲ ਉੱਚਾ ਚੁੱਕਿਆ ਜਿਹਾ ਜਾ ਰਿਹਾ ਇਕ ਮਕਾਨ ਡਿੱਗ ਗਿਆ ਤੇ ਉਸ ਦੇ ਮਲਬੇ ਹੇਠਾਂ ਆ ਕੇ ਤਿੰਨ ਮਜ਼ਦੂਰਾਂ ਦੀ ਮੌਤ ਹੋ ਗਈ । ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਸਦਰ ਦੇ ਡਿਊਟੀ ਅਫਸਰ ਕੁਲਵੰਤ ਸਿੰਘ ਮੌਕੇ ਉੱਤੇ ਪੁਜੇ ਤੇ ਲੋਕਾਂ ਦੀ ਮੱਦਦ ਨਾਲ ਮਲਬੇ ਹੇਠਾਂ ਦੱਬੇ ਮਜ਼ਦੂਰਾਂ ਨੂੰ ਬਾਹਰ ਕੱਢਿਆਂ ਗਿਆ। ਭਾਰੀ ਮੁਸ਼ੱਕਤ ਦੇ ਬਾਅਦ ਤਿੰਨ ਮਜ਼ਦੂਰਾਂ ਨੂੰ ਬਾਹਰ ਕੱਢ ਕੇ ਸਿਵਲ ਹਸਪਤਾਲ ਬਰਨਾਲਾ ਵਿਖੇ ਦਾਖਲ ਕਰਵਾਇਆ ਗਿਆ ਜਿਥੇ ਜਾਂਚ ਮਗਰੋਂ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਕਰਾਰ ਦੇ ਦਿੱਤਾ।

------------------------------------------------------------------------------------------------------------

ਯੁਗਾਂਤਾ ਗਲੋਬਲ ਯੂਥ ਫੈਡਰੇਸ਼ਨ ਇੰਡੀਆ ਵੱਲੋਂ ਚੰਡੀਗੜ੍ਹ ਦੇ ਸੈਕਟਰ 42 ਸਥਿਤ ਪੋਸਟ ਗ੍ਰੈਜੂਏਟ ਗਵਰਨਮੈਂਟ ਕਾਲਜ ਫੌਰ ਗਰਲਸ ਦੇ ਸਹਿਯੋਗ ਨਾਲ ਕੌਮਾਂਤਰੀ ਯੁਵਾ ਕਨਕਲੇਵ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਨੂੰ ਆਲਮੀ ਅਵਸਰਾਂ ਨਾਲ ਜੋੜਨਾ ਅਤੇ ਅੰਤਰਰਾਸ਼ਟਰੀ ਸ਼ਮੂਲੀਅਤ ਨੂੰ ਵਧਾਉਣਾ ਸੀ। ਰਸ਼ੀਅਨ ਹਾਊਸ, ਨਵੀਂ ਦਿੱਲੀ ਦੇ ਚੀਫ਼ ਕੋਆਰਡੀਨੇਟਰ ਅਨਾਸ-ਤਾਸੀਆ ਇਲ-ਯੂਸ਼ਿਨਾ ਨੇ ਨੌਜਵਾਨਾਂ ਨੂੰ ਅੰਤਰਰਾਸ਼ਟਰੀ ਸਿੱਖਿਆ, ਸੱਭਿਆਚਾਰਕ ਅਦਾਨ-ਪ੍ਰਦਾਨ ਅਤੇ ਵਿਸ਼ੇਸ਼ ਤੌਰ 'ਤੇ ਰੂਸ ਵਿੱਚ ਉਪਲਬਧ ਕਰੀਅਰ ਦੇ ਅਵਸਰਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਇਹ ਪ੍ਰੋਗਰਾਮ ਸਟੇਟ ਲਾਇਜ਼ਨਿੰਗ ਅਫ਼ਸਰ NSS ਡਾ. ਨੇਮੀ ਚੰਦ, ਚੰਡੀਗੜ੍ਹ ਪ੍ਰਸ਼ਾਸਨ ਉੱਚ ਸਿੱਖਿਆ ਵਿਭਾਗ ਅਤੇ ਜ਼ਿਲ੍ਹਾ ਯੁਵਾ ਅਧਿਕਾਰੀ ਵਿਨੈ ਕੁਮਾਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ।

------------------------------------------------------------------------------------------------------------